# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :21-04-2026**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿਵੇਸ਼ ਪ੍ਰੋਤਸਾਹਨ ਆਊਟਰੀਚ ਤਹਿਤ ਨੀਦਰਲੈਂਡਜ਼ ਦੇ ਦੌਰੇ ਦੌਰਾਨ ਟਿਕਾਊ ਖੇਤੀਬਾੜੀ, ਫੁੱਲਾਂ ਦੀ ਖੇਤੀ ਅਤੇ ਉੱਚ-ਕੁਸ਼ਲਤਾ ਵਾਲੀਆਂ ਖੇਤੀ ਪ੍ਰਣਾਲੀਆਂ ਵਿੱਚ ਸਭ ਤੋਂ ਬਿਹਤਰ ਅਭਿਆਸਾਂ ਦਾ ਅਧਿਐਨ ਕਰਨ ਲਈ ਵਰਲਡ ਹਾਰਟੀ ਸੈਂਟਰ (WHC), ਵੈਸਟਲੈਂਡ ਅਤੇ ਵਿਸ਼ਵ ਪ੍ਰਸਿੱਧ ਕੇਯੂਕੇਨਹੌਫ, ਲਿਸੇ ਸਮੇਤ ਪ੍ਰਮੁੱਖ ਬਾਗਬਾਨੀ ਸੰਸਥਾਵਾਂ ਦੇ ਦੌਰੇ ਕੀਤੇ। ਉਨ੍ਹਾਂ ਨੇ ਪੰਜਾਬ ਵਿੱਚ ਅਜਿਹਾ ਹੀ ਕੇਂਦਰ ਸਥਾਪਤ ਕਰਨ ਦਾ ਵਿਚਾਰ ਪੇਸ਼ ਕੀਤਾ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਲਈ ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਣ ਅਤੇ ਕਿਸਾਨਾਂ ਨੂੰ ਪਾਣੀ ਦੀ ਖਪਤ ਵਾਲੀਆਂ ਫਸਲਾਂ ਦੇ ਚੱਕਰ ਵਿੱਚੋਂ ਬਾਹਰ ਕੱਢਣ ਲਈ ਵਧੇਰੇ ਮਦਦਗਾਰ ਸਾਬਤ ਹੋ ਸਕਦਾ ਏ। ਮੁੱਖ ਮੰਤਰੀ ਨੇ ਆਟੋਮੋਟਿਵ ਅਤੇ ਸਕਿਓਰ ਕੁਨੈਕਟੀਵਿਟੀ ਸੈਮੀਕੰਡਕਟਰ ਸਲਿਊਸ਼ਨਜ਼ ਦੇ ਖੇਤਰ ਵਿੱਚ ਆਲਮੀ ਆਗੂ ਅਤੇ ਬਹੁਕੌਮੀ ਤਕਨਾਲੋਜੀ ਮੋਹਰੀ ਕੰਪਨੀ NXP ਸੈਮੀਕੰਡਕਟਰਜ਼ ਨੂੰ ਮੋਹਾਲੀ ਵਿੱਚ ਇੱਕ ਖੋਜ ਅਤੇ ਵਿਕਾਸ ਕੇਂਦਰ

ਸਥਾਪਤ ਕਰਨ ਦੀ ਸੰਭਾਵਨਾ ਦੀ ਪੜਚੋਲ ਕਰਨ ਦਾ ਵੀ ਸੱਦਾ ਦਿੱਤਾ ਏ। NXP ਸੈਮੀਕੰਡਕਟਰਜ਼ ਨੀਦਰਲੈਂਡਜ਼ ਦੇ ਕਾਰਜਕਾਰੀ ਡਾਇਰੈਕਟਰ ਅਤੇ ਕੰਟਰੀ ਮੈਨੇਜਰ ਮੌਰਿਸ ਗੇਰੇਟਸ ਅਤੇ ਪਬਲਿਕ ਪਾਲਿਸੀ ਹੈੱਡ ਡਾ. ਅੰਕਿਤ ਪਾਲ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਐਡਵਾਂਸਡ ਇਲੈਕਟ੍ਰਾਨਿਕਸ, ਸੈਮੀਕੰਡਕਟਰ ਡਿਜ਼ਾਈਨ ਅਤੇ ਨਵੀਨ ਖੋਜ-ਅਧਾਰਤ ਈਕੋਸਿਸਟਮ ਵਿੱਚ ਸਹਿਯੋਗ ਦੇ ਮੌਕੇ ਲੱਭਣ ਲਈ ਕਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਜ਼ਬੂਤ ਪ੍ਰਤਿਭਾ ਪੂਲ ਅਤੇ ਉੱਭਰ ਰਹੇ ਇਲੈਕਟ੍ਰਾਨਿਕਸ ਈਕੋਸਿਸਟਮ ਦਾ ਲਾਭ ਉਠਾਉਣ ਲਈ ਮੋਹਾਲੀ ਇੱਕ ਰਣਨੀਤਿਕ ਸਥਾਨ ਰੱਖਦਾ ਏ।

----------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਸਰਕਾਰ ਨੇ ਸੂਬੇ ਵਿਚ ਨਸ਼ਿਆਂ ਦੇ ਖਾਤਮੇ ਅਤੇ ਖੇਡਾਂ ਤੇ ਖਿਡਾਰੀਆਂ ਨੂੰ ਪ੍ਰਫੁੱਲਤ ਕਰਨ ਲਈ 1793 ਕਰੋੜ ਰੁਪਏ ਦਾ ਬਜਟ ਰੱਖਿਆ ਏ। ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸਿੱਧੂਵਾਲ ਸਥਿਤ ਨਵੇਂ ਕੰਪਲੈਕਸ ਵਿਖੇ ਸੰਸਥਾ ਪ੍ਰਵੇਸ਼ ਲਈ ਕਰਵਾਏ ਸਮਾਗਮ ਮੌਕੇ ਪੁੱਜੇ ਵਿੱਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਜਿੱਥੇ ਯੁੱਧ ਨਸ਼ਿਆਂ ਵਿਰੁੱਧ ਆਰੰਭ ਕੀਤਾ ਉਥੇ ਹੀ ਖੇਡਾਂ ਨੂੰ ਵੀ ਤਵੱਜੋ ਦਿੱਤੀ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਚਾਰ ਸਾਲਾਂ 'ਚ 66 ਹਜ਼ਾਰ

ਸਰਕਾਰੀ ਨੌਕਰੀਆਂ ਦੇ ਕੇ ਸੂਬੇ ਦੇ ਨੌਜਵਾਨਾਂ ਦੇ ਹੋ ਰਹੇ ਬ੍ਰੇਨ-ਡਰੇਨ ਨੂੰ ਰੋਕਣ 'ਚ ਵੀ ਸਫ਼ਲ ਹੋਈ ਏ। ਵਿੱਤ ਮੰਤਰੀ ਕਿਹਾ ਕਿ ਸਾਡੇ ਨੌਜਵਾਨਾਂ ਦਾ ਆਤਮ ਵਿਸ਼ਵਾਸ਼ ਪੰਜਾਬ 'ਚ ਵਧਣ ਕਰ ਕੇ ਉਹ ਵਿਦੇਸ਼ ਜਾਣ ਤੋਂ ਗੁਰੇਜ਼ ਕਰ ਲੱਗੇ ਨੇ, ਜਿਸ ਕਰਕੇ ਸੂਬੇ ਦੇ ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਵੀ ਦਾਖਲੇ ਵਧੇ ਨੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿੰਡ-ਪਿੰਡ ਖੇਡ ਮੈਦਾਨ ਤੇ ਵੱਧੀਆ ਸਟੇਡੀਅਮ ਬਣਾਉਣ ਲਈ ਖੇਡਾਂ ਵਾਸਤੇ ਲਗਾਤਾਰ ਵੱਧ ਤੋਂ ਵੱਧ ਬਜਟ ਰੱਖਿਆ ਏ, ਜਿਸ ਦੇ ਹਾਂ ਪੱਖੀ ਨਤੀਜੇ ਸਾਹਮਣੇ ਆਏ ਨੇ। ਵਿੱਤ ਮੰਤਰੀ ਨੇ ਦੱਸਿਆ ਕਿ ਪੰਜਾਬ ’ਤੇ ਕਰਜ਼ਾ ਵਧਿਆ ਨਹੀਂ ਬਲਕਿ ਡੈਟ ਟੂ GDP ਅਨੁਪਾਤ ਅਨੁਸਾਰ 3 ਫ਼ੀਸਦੀ ਕਰਜਾ ਘਟਾਉਣ 'ਚ ਸਰਕਾਰ ਨੂੰ ਕਾਮਯਾਬੀ ਮਿਲੀ ਏ ਤੇ GST ਦੀ ਆਮਦਨ 'ਚ 100 ਫੀਸਦੀ ਤੋਂ ਵਧੇਰੇ ਇਜ਼ਾਫ਼ਾ ਹੋਇਆ ਏ।

---

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬੀਤੇ ਕੱਲ੍ਹ ਸੰਗਰੂਰ ਦਾਣਾ ਮੰਡੀ ਵਿਖੇ ਖਰੀਦ ਪ੍ਰਬੰਧਾ ਦਾ ਜਾਇਜ਼ਾ ਲਿਆ । ਉਨ੍ਹਾਂ ਦੱਸਿਆ ਕਿ 19 ਅਪ੍ਰੈਲ ਤੱਕ ਸੂਬੇ ਦੀਆਂ ਸਮੁੱਚੀਆਂ ਅਨਾਜ ਮੰਡੀਆਂ ਵਿੱਚ 38 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਆਮਦ ਹੋਈ ਏ ਜਿਸ ਵਿੱਚੋਂ 34 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਵੱਖ-ਵੱਖ ਖਰੀਦ ਏਜੰਸੀਆਂ ਅਤੇ ਵਪਾਰਿਆਂ ਵਲੋਂ ਘੱਟੋ-ਘੱਟ ਸਮਰਥਨ ਮੁੱਲ ’ਤੇ ਖ਼ਰੀਦੀ ਗਈ ਏ।

ਮੰਤਰੀ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਦੀਆਂ ਸਮੂਹ 170 ਮੰਡੀਆਂ ਵਿੱਚ 9 ਲੱਖ 50 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋਣ ਦੀ ਆਸ ਏ ਜਿਸ ਵਿੱਚੋਂ ਹੁਣ ਤੱਕ 4 ਲੱਖ ਮੀਟ੍ਰਿਕ ਟਨ ਤੋਂ ਵੱਧ ਜਿਣਸ ਦੀ ਆਮਦ ਹੋਈ ਏ ਅਤੇ ਤਕਰੀਬਨ ਸਾਢੇ ਤਿੰਨ ਲੱਖ ਮੀਟ੍ਰਿਕ ਟਨ ਦੀ ਖਰੀਦ ਕਰ ਕੇ ਕਿਸਾਨਾਂ ਨੂੰ ਸਿੱਧੀ ਅਦਾਇਗੀ ਕੀਤੀ ਜਾ ਚੁੱਕੀ ਏ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਲਿਫਟਿੰਗ ਦਾ ਕੰਮ ਨਿਰਵਿਘਨ ਚੱਲ ਰਿਹਾ ਏ।

---------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਚੌਗਿਰਦੇ ਦੀ ਸਾਂਭ-ਸੰਭਾਲ ਅਤੇ ਮਨੁੱਖੀ ਸਿਹਤ ਦੀ ਰਾਖੀ ਲਈ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ ਦੀ ਪੁਰਜ਼ੋਰ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਅੱਗ ਲਾਉਣ ਨਾਲ ਜਿੱਥੇ ਹਵਾ ਪ੍ਰਦੂਸ਼ਿਤ ਹੁੰਦੀ ਏ, ਉੱਥੇ ਹੀ ਪਸ਼ੂ-ਪੰਛੀਆਂ ਅਤੇ ਮਿੱਤਰ ਕੀੜਿਆਂ ਦੇ ਖਤਮ ਹੋਣ ਨਾਲ ਕੁਦਰਤੀ ਚੱਕਰ ਨੂੰ ਵੀ ਵੱਡਾ ਨੁਕਸਾਨ ਹੁੰਦਾ ਏ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਖੇਤੀਬਾੜੀ ਵਿਭਾਗ ਵੱਲੋਂ ਪਿੰਡ ਪੱਧਰ 'ਤੇ ਮਸ਼ੀਨਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ ਤਾਂ ਜੋ ਨਾੜ ਨੂੰ ਖੇਤਾਂ ਵਿੱਚ ਹੀ ਵਾਹ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਈ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਾੜ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਪੂਰਥਲਾ, ਫਗਵਾੜਾ, ਭੁਲੱਥ ਅਤੇ ਸੁਲਤਾਨਪੁਰ ਲੋਧੀ ਵਿਖੇ ਸਿਵਲ ਅਤੇ ਪੁਲਿਸ

ਪ੍ਰਸ਼ਾਸਨ ਦੇ ਅਧਿਕਾਰੀਆਂ ਦੀਆਂ ਵਿਸ਼ੇਸ਼ ਉਡਣ ਦਸਤਾ ਟੀਮਾਂ ਦਾ ਗਠਨ ਕੀਤਾ ਗਿਆ ਏ। ਇਹ ਟੀਮਾਂ 24 ਘੰਟੇ ਮੁਸਤੈਦ ਰਹਿਣਗੀਆਂ ਅਤੇ ਸੂਚਨਾ ਮਿਲਣ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣਗੀਆਂ। ਉਨ੍ਹਾਂ ਦੱਸਿਆ ਕਿ ਕਿਸੇ ਵੀ ਐਮਰਜੈਂਸੀ ਜਾਂ ਅੱਗ ਲੱਗਣ ਦੀ ਸੂਚਨਾ ਦੇਣ ਲਈ ਫਾਇਰ ਬ੍ਰਿਗੇਡ ਦੇ ਕੰਟਰੋਲ ਰੂਮ ਨੰਬਰ 01822-232-333 ਜਾਂ 101 'ਤੇ ਸੰਪਰਕ ਕੀਤਾ ਜਾ ਸਕਦਾ ਏ।

---------------------------------------------------------

ਆਕਾਸ਼ਵਾਣੀ ਬਠਿੰਡਾ ਸਟੇਸ਼ਨ ਵੱਲੋਂ ਬੀਤੇ ਕੱਲ੍ਹ ਆਪਣਾ 36ਵਾਂ ਸਥਾਪਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਟੇਸ਼ਨ ਦੇ ਸਮੂਹ ਅਨਾਊਂਸਰਾਂ ਦੀਆਂ ਕਾਰਗੁਜ਼ਾਰੀਆਂ ਅਤੇ ਸਰੋਤਿਆਂ ਦੇ ਪਿਆਰ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਵਧਾਈ ਦਿੱਤੀ ਗਈ । ਪ੍ਰੋਗਰਾਮ ਕੋਆਰਡੀਨੇਟਰ, ਬਲਜੀਤ ਸ਼ਰਮਾ ਨੇ ਦੱਸਿਆ ਕਿ ਬਠਿੰਡਾ ਸਟੇਸ਼ਨ ਸਰੋਤਿਆਂ ਦੇ ਸਹਿਯੋਗ ਨਾਲ ਲਗਾਤਾਰ ਨਵੀਆਂ ਬੁਲੰਦੀਆਂ ਛੋਹ ਰਿਹਾ ਏ ਅਤੇ ਅੱਗੇ ਵੀ ਲੋਕਾਂ ਦੀ ਆਵਾਜ਼ ਬਣਦਾ ਰਹੇਗਾ। ਇਸ ਖੁਸ਼ੀ ਦੇ ਮੌਕੇ 'ਤੇ ਕਲੱਸਟਰ ਹੈੱਡ ਅਤੇ ਰੀਜਨਲ ਚੈਨਲ ਮੈਨੇਜਰ, ਰਣਜੀਤ ਮੀਨਾ ਅਤੇ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਸਾਰਿਆਂ ਨੂੰ ਵਧਾਈ ਸੰਦੇਸ਼ ਦਿੱਤੇ ਨੇ।

---------------------------------------------------------

ਜਲੰਧਰ ਜ਼ਿਲ੍ਹੇ ਵਿੱਚ ਚੱਲ ਰਹੇ ਪ੍ਰਮੁੱਖ ਹਾਈਵੇ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਹਾਈਵੇ ਪ੍ਰਾਜੈਕਟਾਂ ਨਾਲ ਸਬੰਧਤ ਮੁੱਦਿਆਂ ਦੀ ਸਮੀਖਿਆ ਕੀਤੀ ਅਤੇ ਇਨ੍ਹਾਂ ਦਾ ਮੌਕੇ 'ਤੇ ਨਿਪਟਾਰਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਬਣਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਬੰਧਤ ਕੰਪੀਟੈਂਟ ਅਥਾਰਟੀ ਫਾਰ ਲੈਂਡ ਐਕੂਜ਼ੀਸ਼ਨ ਅਤੇ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਫਗਵਾੜਾ-ਹੁਸ਼ਿਆਰਪੁਰ ਹਾਈਵੇ ਅਤੇ ਦਿੱਲੀ-ਕੱਟੜਾ ਐਕਸਪ੍ਰੈਸ ਵੇਅ ਨਾਲ ਸਬੰਧਤ ਮੁੱਦਿਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਅਹਿਮ ਪ੍ਰਾਜੈਕਟਾਂ ਨਾਲ ਸਬੰਧਤ ਮੁਆਵਜ਼ੇ ਦੀ ਵੰਡ, ਕਬਜ਼ੇ ਦੀ ਪ੍ਰਕਿਰਿਆ ਅਤੇ ਜ਼ਮੀਨ ਦੇ ਐਵਾਰਡ ਸਬੰਧੀ ਲੰਬਿਤ ਮਾਮਲਿਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ । ਇਨ੍ਹਾਂ ਪ੍ਰਾਜੈਕਟਾਂ ਨੂੰ ਜ਼ਿਲ੍ਹੇ ਦੇ ਵਿਕਾਸ ਲਈ ਅਹਿਮ ਕਰਾਰ ਦਿੰਦਿਆਂ ਸ੍ਰੀ ਵਾਲੀਆ ਨੇ ਕਿਹਾ ਕਿ ਹਾਈਵੇ ਪ੍ਰਾਜੈਕਟਾਂ ਸਦਕਾ ਬਿਹਤਰ ਖੇਤਰੀ ਸੰਪਰਕ ਨਾਲ ਵਿਕਾਸ ਲਈ ਨਵੇਂ ਰਾਹ ਖੁੱਲ੍ਹਣਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹੋਰ ਬਿਹਤਰ ਤਾਲਮੇਲ ਨਾਲ ਕੰਮ ਕਰਨ 'ਤੇ ਵੀ ਜ਼ੋਰ ਦਿੱਤਾ ।

-----------------------------------------------------------------